# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-03-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਕੋਈ ਇਕ ਲੱਖ 25 ਹਜ਼ਾਰ ਕਰੋੜ ਰੁਪਏ ਦੇ ਤਿੰਨ ਸੈਮੀ-ਕੰਡਕਟਰ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ। ਇਹ ਪ੍ਰੋਜੈਕਟ ਗੁਜਰਾਤ ਦੇ ਧੋਲੇਰਾ ਤੇ ਸਾਨੰਦ ਅਤੇ ਆਸਾਮ ਦੇ ਮੋਰੀਗਾਂਵ ਵਿਖੇ ਸਥਿਤ ਨੇ। ਇਹ ਕਦਮ ਭਾਰਤ ਵਿੱਚ ਸੈਮੀ-ਕੰਡਕਟਰਾਂ ਅਤੇ ਡਿਸਪਲੇ ਮੈਨੂਫੈਕਚਰਿੰਗ ਈਕੋ ਸਿਸਟਮ ਦੇ ਵਿਕਾਸ ਵਿੱਚ ਮਦਦ ਕਰੇਗਾ। ਭਾਰਤ ਸੈਮੀ-ਕੰਡਕਟਰ ਮਿਸ਼ਨ ਦੀ ਸਥਾਪਨਾ ਭਾਰਤ ਸਰਕਾਰ ਨੇ ਸੈਮੀਕੰਡਕਟਰ ਈਕੋ ਸਿਸਟਮ ਬਣਾਉਣ ਲਈ ਕੀਤੀ ਏ ਤਾਂ ਜੋ ਭਾਰਤ ਨੂੰ ਗਲੋਬਲ ਸੈਮੀ-ਕੰਡਕਟਰ ਉਦਯੋਗ ਦੀ ਅਗਵਾਈ ਕਰਨ ਦੇ ਯੋਗ ਬਣਾਇਆ ਜਾ ਸਕੇ। ਪ੍ਰਧਾਨ ਮੰਤਰੀ ਨੇ 'ਇੰਡੀਆਜ਼ ਟੇਕ ਡੇ' ਵਿੱਚ ਵੀ ਸ਼ਿਰਕਤ ਕੀਤੀ ਅਤੇ ਨੌਜਵਾਨਾਂ ਨੂੰ ਸੰਬੋਧਨ ਕੀਤਾ। ਇਸ ਪਹਿਲਕਦਮੀ ਨਾਲ ਦੇਸ਼ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਆਸ ਏ।

-----------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਅੱਜ ਮੁੰਬਈ ਵਿੱਚ OTT ਪਲੇਟਫਾਰਮ ਅਮੇਜ਼ਨ ਪ੍ਰਾਈਮ ਉੱਤੇ "ਸਵਰਾਜ" ਦੇ ਪਹਿਲੇ ਸੀਜ਼ਨ ਦੀ ਸ਼ੁਰੂਆਤ ਕੀਤੀ। ਇਸ ਮੌਕੇ 'ਤੇ ਦੂਰਦਰਸ਼ਨ 'ਤੇ ਪ੍ਰਸਾਰਿਤ ਹੋਣ ਵਾਲੇ ਸਰਦਾਰ ਵੱਲਭ ਭਾਈ ਪਟੇਲ ਦੇ ਜੀਵਨ 'ਤੇ ਆਧਾਰਿਤ ਨਵਾਂ ਸੀਰੀਅਲ 'ਸਰਦਾਰ: ਦਿ ਗੇਮ ਚੇਂਜਰ' ਵੀ ਲਾਂਚ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਇਹ ਮਾਣ ਦਾ ਪਲ ਏ ਅਤੇ ਆਜ਼ਾਦੀ ਦੇ ਉਨ੍ਹਾਂ ਸਾਰੇ ਅਣਗਿਣਤ ਮਹਾਨ ਨਾਇਕਾਂ ਨੂੰ ਸੱਚੀ ਸ਼ਰਧਾਂਜਲੀ ਏ, ਜਿਨ੍ਹਾਂ ਨੇ ਦੇਸ਼ ਲਈ ਸਭ ਕੁਝ ਕੁਰਬਾਨ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਇਹ ਸੀਰੀਅਲ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਰਾਸ਼ਟਰੀ ਮੁਹਿੰਮ 'ਆਜ਼ਾਦੀ ਕਾ ਅੰਮ੍ਰਿਤ ਮਹੋਤਸਵ' ਤੋਂ ਪ੍ਰੇਰਨਾ ਲੈ ਕੇ ਸ਼ੁਰੂ ਕੀਤਾ ਗਿਆ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਸ਼ਹਿਰਾਂ ਵਿੱਚ ਬੱਸ ਅੱਡਿਆਂ ਤੇ ਦਾਣਾ ਮੰਡੀਆਂ ਦਾ ਮੁਹਾਂਦਰਾ ਸੰਵਾਰਨ ਲਈ ਵਿਆਪਕ ਸਕੀਮ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਮੋਗਾ ਵਿਖੇ ਕੱਲ੍ਹ 'ਸਰਕਾਰ-ਵਪਾਰ ਮਿਲਣੀ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਕਿਹਾ ਕਿ

ਤਕਰੀਬਨ ਸਾਰੀਆਂ ਦਾਣਾ ਮੰਡੀਆਂ ਹੁਣ ਸ਼ਹਿਰਾਂ ਦੇ ਅੰਦਰ ਨੇ, ਜਿਸ ਕਰਕੇ ਬੱਸ ਅੱਡਿਆਂ ਅਤੇ ਦਾਣਾ ਮੰਡੀਆਂ ਨੂੰ ਆਧੁਨਿਕ ਲੀਹਾਂ ਉਤੇ ਵਿਕਸਤ ਕਰਨ ਲਈ ਵਿਆਪਕ ਪੱਧਰ ਉਤੇ ਯੋਜਨਾ ਸ਼ੁਰੂ ਕੀਤੀ ਜਾਵੇਗੀ । ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਲੋਕਾਂ ਨੂੰ ਸਹੂਲਤ ਮਿਲੇਗੀ, ਉਥੇ ਹੀ ਸੂਬੇ ਦੇ ਵਿਕਾਸ ਨੂੰ ਵੀ ਵੱਡਾ ਹੁਲਾਰਾ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਸੁਪਨਾ ਏ ਕਿ ਵੱਖ-ਵੱਖ ਖੇਤਰਾਂ ਦਾ ਹਰੇਕ ਵਰਗ ਤਰੱਕੀ ਕਰੇ।

------------------------------------------------------------

ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਏ ਕਿ ਚਾਲੂ ਵਿੱਤੀ ਸਾਲ 2023-24 ਦੌਰਾਨ ਹੁਣ ਤੱਕ ਸੂਬੇ ਦੇ ਕੁੱਲ 70 ਲੱਖ 86 ਹਜ਼ਾਰ 273 ਘਰੇਲੂ ਖਪਤਕਾਰਾਂ ਨੂੰ 'ਜ਼ੀਰੋ ਬਿਜਲੀ ਬਿੱਲ' ਪ੍ਰਾਪਤ ਹੋਏ ਨੇ। ਚੰਡੀਗੜ੍ਹ ਵਿਚ ਉਨ੍ਹਾਂ ਕਿਹਾ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ) ਦੇ 77 ਲੱਖ 23 ਹਜ਼ਾਰ 309 ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਅਤੇ 600 ਯੂਨਿਟ ਪ੍ਰਤੀ ਬਿਲਿੰਗ ਸਾਈਕਲ ਮੁਫਤ ਬਿਜਲੀ ਦੀ ਸਹੂਲਤ ਦਿੱਤੀ ਗਈ ਏ। ਉਨਾਂ ਕਿਹਾ ਕਿ ਇਸ ਤਰ੍ਹਾਂ ਵਿੱਤੀ ਸਾਲ 2021-22 ਵਿੱਚ 200 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ

ਸਪਲਾਈ ਦਾ ਲਾਭ ਲੈਣ ਵਾਲੇ 22 ਲੱਖ 48 ਹਜ਼ਾਰ 65 ਖਪਤਕਾਰਾਂ ਦੇ ਮੁਕਾਬਲੇ ਲਾਭਪਾਤਰੀਆਂ ਦੀ ਗਿਣਤੀ ਵਿੱਚ ਮਹੱਤਵਪੂਰਨ ਵਾਧਾ ਦਰਜ਼ ਕੀਤਾ ਗਿਆ ਏ ।

---------------------------------------------------

ਲੋਕ ਸਭਾ ਚੋਣਾਂ-2024 ਦੀਆਂ ਤਿਆਰੀਆਂ ਬਾਬਤ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਵੀਪ ਗਤੀਵਿਧੀਆਂ ਤੇਜ਼ੀ ਨਾਲ ਜਾਰੀ ਨੇ । ਸਿੱਖਿਆ ਵਿਭਾਗ ਵੱਲੋਂ ਸਵੀਪ ਗਤੀਵਿਧੀਆਂ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਸਟੇਸ਼ਨਾਂ ਉੱਪਰ ਨਵੇਂ ਬਣੇ ਨੌਜਵਾਨ ਵੋਟਰਾਂ ਨੂੰ ਈ.ਵੀ.ਐੱਮ ਤੇ ਵੀ.ਵੀ.ਪੈਟ ਸਮੇਤ ਸਮੁੱਚੀ ਚੋਣ ਪ੍ਰੀਕ੍ਰਿਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸੁਭਾਸ਼ ਚੰਦਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਇਸ ਵਾਰ 70 ਪਾਰ ਦੇ ਟੀਚੇ ਨੂੰ ਹਾਸਲ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਸਵੀਪ ਗਤੀਵਿਧੀਆਂ ਜਰੀਏ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾ ਕੇ ਲੋਕਾਂ ਨੂੰ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪਿਛਲੀਆਂ ਚੋਣਾਂ ਦੌਰਾਨ ਜਿਨ੍ਹਾਂ ਇਲਾਕਿਆਂ ਵਿਚ ਵੋਟ ਪ੍ਰਤੀਸ਼ਤ ਘੱਟ ਰਹੀ ਸੀ, ਉਨ੍ਹਾਂ ਖੇਤਰਾਂ ਦੀ ਨਿਸ਼ਾਨਦੇਹੀ

ਕੀਤੀ ਗਈ ਏ ਅਤੇ ਉੱਥੇ ਵੋਟ ਪ੍ਰਤੀਸ਼ਤ ਵਧਾਉਣ ਲਈ ਕੰਮ ਕੀਤਾ ਜਾ ਰਿਹਾ ਏ।

---------------------------------------------------------------

ਅਨੁਸੂਚਿਤ ਜਾਤੀਆਂ ਦੀਆਂ ਪ੍ਰਮੁੱਖ ਜਥੇਬੰਦੀਆ ਨੇ ਪ੍ਰਧਾਨ ਮੰਤਰੀ ਅਤੇ ਵਿਰੋਧੀ ਧਿਰ ਦੇ ਆਗੂਆਂ ਨੂੰ ਮੁੱਖ ਚੋਣ ਕਮਿਸ਼ਨ ਦਫਤਰ ਵਿਚ ਦੋ ਚੋਣ ਕਮਿਸ਼ਨਰ ਦੀਆਂ ਨਿਯੁਕਤੀਆਂ ਸਮੇਂ ਇਕ ਅਨੁਸੂਚਿਤ ਜਾਤੀ ਸਮਾਜ ਵਿਚੋਂ ਲੱਗਾਉਣ ਦੀ ਅਪੀਲ ਕੀਤੀ ਏ। ਦਲਿਤ ਚੇਤਨਾ ਮੰਚ ਦੇ ਪ੍ਰਧਾਨ ਪ੍ਰੋਫੈਸਰ ਅਰੁਣ ਕੁਮਾਰ, ਨੈਸ਼ਨਲ ਸ਼ਡਿਊਲਡ ਕਾਸਟਸ਼ ਅਲਾਇੰਸ ਪੰਜਾਬ ਦੇ ਪ੍ਰਧਾਨ ਰਵਿੰਦਰ ਸਿੰਘ ਭੱਟੀ, ਡਾ ਅੰਬੇਦਕਰ ਵਿਚਾਰ ਮਿਸ਼ਨ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਰਾਣਾ ਅਤੇ ਦਲਿਤ ਕੌਂਸਲ ਆਫ ਪੰਜਾਬ ਦੇ ਪ੍ਰਧਾਨ ਪਰਮਿੰਦਰ ਕੁਮਾਰ ਬੱਸੀ ਨੇ ਇਕ ਸਾਂਝੇ ਬਿਆਨ ਵਿਚ ਕਿਹਾ ਕਿ ਚੋਣ ਕਮਿਸ਼ਨ ਦੀ ਨਿਯੁਕਤੀ ਕਰਨ ਸਮੇਂ ਅਨੁਸੂਚਿਤ ਜਾਤੀਆਂ ਨੂੰ ਵੀ ਪ੍ਰਤੀਨਿਧਤਾ ਦੇ ਕੇ ਸੰਵਿਧਾਨਕ ਅਹੁੱਦੇ ਤੇ ਨਿਯੁਕਤ ਕੀਤਾ ਜਾਵੇ।